ਵਿੱਚ ਆਪਣਾ ਜੀਵਨ ਆਤਮਾ ਨਾਲ ਸ਼ੁਰੂ ਕੀਤਾ। ਕੀ ਹੁਣ ਤੁਸੀਂ
ਇਸ ਨੂੰ ਆਪਣੀ ਤਾਕਤ ਨਾਲ ਜਾਰੀ ਰੱਖਣ ਦੀ ਕੋਸ਼ਿਸ਼ ਕਰ ਰਹੇ
ਹੋ? ਇਹ ਮੂਰਖਤਾ ਹੈ। **4**ਤੁਸੀਂ ਬਹੁਤ ਗੱਲਾਂ ਅਨੁਭਵ ਕੀਤੀਆਂ
ਹਨ। ਕੀ ਇਹ ਸਾਰੇ ਅਨੁਭਵ ਜਾਇਆ ਹੋ ਗਏ? ਮੈਨੂੰ ਉਮੀਦ
ਹੈ ਕਿ ਉਹ ਅਨੁਭਵ ਬੇਕਾਰ ਨਹੀਂ ਹੋਏ। **5**ਕੀ ਪਰਮੇਸ਼ੁਰ ਤੁਹਾਨੂੰ
ਇਸ ਲਈ ਪਵਿੱਤਰ ਆਤਮਾ ਪ੍ਰਦਾਨ ਕਰਦਾ ਹੈ ਕਿ ਤੁਸੀਂ ਸ਼ਰਾ
ਉੱਤੇ ਚੱਲਦੇ ਹੋ? ਨਹੀਂ! ਕੀ ਪਰਮੇਸ਼ੁਰ ਤੁਹਾਨੂੰ ਕਰਿਸ਼ਮੇ ਇਸ ਲਈ
ਦਿਖਾਉਂਦਾ ਹੈ ਕਿ ਤੁਸੀਂ ਸ਼ਰਾ ਉੱਤੇ ਚੱਲਦੇ ਹੋ? ਨਹੀਂ! ਪਰਮੇਸ਼ੁਰ
ਤੁਹਾਨੂੰ ਆਪਣਾ ਆਤਮਾ ਇਸ ਲਈ ਪ੍ਰਦਾਨ ਕਰਦਾ ਹੈ ਅਤੇ
ਕਰਿਸ਼ਮੇ ਕਰਦਾ ਹੈ ਕਿਉਂਕਿ ਤੁਸੀਂ ਖੁਸ਼ਖਬਰੀ ਨੂੰ ਸੁਣਿਆ ਹੈ ਅਤੇ
ਉਸ ਉੱਤੇ ਯਕੀਨ ਕੀਤਾ ਹੈ।

**6**ਧਰਮ ਪੁਸਤਕ ਅਬਰਾਹਾਮ ਬਾਰੇ ਵੀ ਇਹੀ ਆਖਦਾ ਹੈ।
“ਅਬਰਾਹਾਮ ਨੇ ਪਰਮੇਸ਼ੁਰ ਉੱਤੇ ਵਿਸ਼ਵਾਸ ਕੀਤਾ। ਅਤੇ ਪਰਮੇਸ਼ੁਰ
ਨੇ ਅਬਰਾਹਾਮ ਦੇ ਵਿਸ਼ਵਾਸ ਨੂੰ ਪ੍ਰਵਾਨ ਕੀਤਾ। ਉਸ ਨੇ ਅਬਰਾਹਾਮ
ਨੂੰ ਧਰਮੀ ਬਣਾਇਆ।”[a] **7**ਇਸ ਲਈ ਤੁਹਾਨੂੰ ਪਤਾ ਹੋਣਾ ਚਾਹੀਦਾ
ਹੈ ਕਿ ਜਿਨ੍ਹਾਂ ਨੂੰ ਨਿਹਚਾ ਹੈ ਉਹ ਅਬਰਾਹਾਮ ਦੀ ਸੱਚੀ ਔਲਾਦ ਹਨ।
**8**ਧਰਮ ਪੁਸਤਕ ਨੇ ਆਖਿਆ ਕਿ ਭਵਿੱਖ ਵਿੱਚ ਕੀ ਵਾਪਰੇਗਾ।
ਇਨ੍ਹਾਂ ਲਿਖਤਾਂ ਨੇ ਆਖਿਆ ਕਿ ਪਰਮੇਸ਼ੁਰ ਗੈਰ ਯਹੂਦੀਆਂ ਨੂੰ ਉਨ੍ਹਾਂ
ਦੇ ਵਿਸ਼ਵਾਸ ਦੁਆਰਾ ਧਰਮੀ ਬਣਾਵੇਗਾ। ਅਬਰਾਹਾਮ ਨੂੰ ਇਹ
ਖੁਸ਼ਖਬਰੀ ਇਸ ਦੇ ਵਾਪਰਨ ਤੋਂ ਪਹਿਲਾਂ ਹੀ ਦੱਸ ਦਿੱਤੀ ਗਈ ਸੀ।
ਪਰਮੇਸ਼ੁਰ ਨੇ ਅਬਰਾਹਾਮ ਨੂੰ ਕਿਹਾ, “ਮੈਂ ਸਾਰੀਆਂ ਕੌਮਾਂ ਦੇ ਲੋਕਾਂ
ਨੂੰ ਤੇਰੇ ਰਾਹੀਂ ਅਸੀਸਾਂ ਦੇਵਾਂਗਾ।”[b] **9**ਅਬਰਾਹਾਮ ਨੇ ਇਸ ਉੱਪਰ
ਵਿਸ਼ਵਾਸ ਕੀਤਾ। ਕਿਉਂਕਿ ਅਬਰਾਹਾਮ ਨੇ ਵਿਸ਼ਵਾਸ ਕੀਤਾ ਕਿ ਉਸ
ਉੱਤੇ ਪਰਮੇਸ਼ੁਰ ਦੀ ਮਿਹਰ ਹੋਈ ਹੈ। ਅੱਜ ਵੀ ਇਹੋ ਗੱਲ ਹੈ। ਸਾਰੇ
ਲੋਕ, ਜਿਨ੍ਹਾਂ ਨੂੰ ਵਿਸ਼ਵਾਸ ਹੈ, ਉਵੇਂ ਹੀ ਅਸੀਸ ਦਿੱਤੀ ਗਈ ਹੈ ਜਿਵੇਂ
ਅਬਰਾਹਾਮ ਨੂੰ ਦਿੱਤੀ ਗਈ ਸੀ।

**10**ਪਰ ਜਿਹੜੇ ਲੋਕ ਧਰਮੀ ਬਣਨ ਲਈ ਸ਼ਰਾ ਉੱਤੇ ਨਿਰਭਰ
ਕਰਦੇ ਹਨ ਉਹ ਸਰਾਪਤ ਹਨ। ਕਿਉਂਕਿ ਪੋਥੀਆਂ ਆਖਦੀਆਂ ਹਨ,
“ਇੱਕ ਵਿਅਕਤੀ ਨੂੰ ਉਹ ਸਭ ਕੁਝ ਕਰਨਾ ਚਾਹੀਦਾ ਹੈ ਜੋ ਸ਼ਰਾ
ਵਿੱਚ ਲਿਖਿਆ ਹੋਇਆ ਹੈ। ਜੇ ਉਹ ਹਮੇਸ਼ਾ ਇਸ ਦਾ ਪਾਲਣ
ਨਹੀਂ ਕਰਦਾ ਤਾਂ ਉਹ ਵਿਅਕਤੀ ਸਰਾਪਤ ਹੈ।”[c] **11**ਇਸੇ ਲਈ
ਇਹ ਬਹੁਤ ਸਪੱਸ਼ਟ ਹੈ ਕਿ ਸ਼ਰਾ ਦੁਆਰਾ ਕੋਈ ਵੀ ਧਰਮੀ ਨਹੀਂ
ਬਣਾਇਆ ਜਾ ਸਕਦਾ। ਧਰਮ ਪੁਸਤਕ ਆਖਦਾ ਹੈ, “ਜਿਹੜਾ
ਵਿਅਕਤੀ ਪਰਮੇਸ਼ੁਰ ਨਾਲ ਉਸ ਦੀ ਨਿਹਚਾ ਕਾਰਣ ਧਰਮੀ ਹੈ ਉਹ
ਸਦਾ ਜੀਵੇਗਾ।”[d]

**12**ਸ਼ਰਾ ਵਿਸ਼ਵਾਸ ਦੀ ਵਰਤੋਂ ਨਹੀਂ ਕਰਦੀ ਇਹ ਵੱਖਰਾ
ਢੰਗ ਅਪਨਾਉਂਦੀ ਹੈ। ਸ਼ਰਾ ਆਖਦੀ ਹੈ ਕਿ ਜਿਹੜਾ ਵਿਅਕਤੀ
ਸ਼ਰਾ ਦਾ ਅਨੁਸਰਣ ਕਰਕੇ ਜੀਵਨ ਪਾਉਣਾ ਚਾਹੁੰਦਾ ਹੈ ਉਸ ਨੂੰ
ਉਹ ਸਭ ਗੱਲਾਂ ਕਰਨੀਆਂ ਪੈਣਗੀਆਂ, ਜੋ ਸ਼ਰਾ ਆਖਦੀ ਹੈ।[e]
**13**ਅਸੀਂ ਸ਼ਰਾ ਦੇ ਸਰਾਪ ਹੇਠ ਸਾਂ, ਪਰ ਮਸੀਹ ਨੇ ਸਾਨੂੰ ਉਸ
ਸਰਾਪ ਤੋਂ ਛੁਡਾ ਲਿਆ। ਮਸੀਹ ਨੇ ਉਸ ਸਰਾਪ ਨੂੰ ਆਪਣੇ ਉੱਪਰ
ਲੈ ਲਿਆ। ਪਵਿੱਤਰ ਸ਼ਾਸਤਰ ਵਿੱਚ ਲਿਖਿਆ ਹੈ, “ਜੋ ਕੋਈ
ਰੁੱਖ ਉੱਤੇ ਲਟਕਾਇਆ ਜਾਂਦਾ ਹੈ ਉਹ ਸਰਾਪਿਆ ਜਾਂਦਾ ਹੈ।”[f]
**14**ਯਿਸੂ ਮਸੀਹ ਨੇ ਅਜਿਹਾ ਇਸ ਲਈ ਕੀਤਾ ਤਾਂ ਜੋ ਸਾਰੇ ਲੋਕਾਂ
ਨੂੰ ਪਰਮੇਸ਼ੁਰ ਦੀ ਅਸੀਸ ਮਿਲ ਸਕੇ, ਪਰਮੇਸ਼ੁਰ ਨੇ ਇਸ ਅਸੀਸ
ਦਾ ਬਚਨ ਅਬਰਾਹਾਮ ਨੂੰ ਦਿੱਤਾ ਸੀ। ਇਹੀ ਅਸੀਸ ਯਿਸੂ ਮਸੀਹ
ਰਾਹੀਂ ਆਉਂਦੀ ਹੈ। ਯਿਸੂ ਇਸ ਲਈ ਕੁਰਬਾਨ ਹੋਇਆ ਕਿ ਅਸੀਂ
ਉਸ ਪਵਿੱਤਰ ਆਤਮਾ ਨੂੰ ਪ੍ਰਾਪਤ ਕਰ ਸਕੀਏ ਜਿਸ ਦਾ ਪਰਮੇਸ਼ੁਰ
ਨੇ ਵਾਇਦਾ ਕੀਤਾ ਸੀ। ਇਹ ਵਾਇਦਾ ਸਾਡੇ ਵਿਸ਼ਵਾਸ ਕਾਰਣ ਸਾਨੂੰ
ਪ੍ਰਾਪਤ ਹੋਇਆ ਹੈ।

## ਸ਼ਰਾ ਅਤੇ ਵਾਇਦਾ

**15**ਭਰਾਵੋ ਅਤੇ ਭੈਣੋ, ਮੈਂ ਤੁਹਾਨੂੰ ਇੱਕ ਉਦਾਹਰਣ ਦਿੰਦਾ ਹਾਂ। ਇੱਕ
ਕਰਾਰ ਬਾਰੇ ਸੋਚੋ ਜੋ ਇੱਕ ਵਿਅਕਤੀ ਲਿਖਦਾ ਹੈ। ਜਦੋਂ ਇਹ ਕਰਾਰ
ਕਾਨੂੰਨੀ ਹੁੰਦਾ ਹੈ, ਤਾਂ ਕੋਈ ਵੀ ਇਸ ਨੂੰ ਰੱਦ ਨਹੀਂ ਕਰ ਸਕਦਾ ਤੇ
ਨਾ ਹੀ ਉਸ ਵਿੱਚ ਕੁਝ ਜੋੜ ਸਕਦਾ ਹੈ। ਅਤੇ ਕੋਈ ਵਿਅਕਤੀ
ਉਸ ਇਕਰਾਰਨਾਮੇ ਨੂੰ ਅਣਡਿੱਠ ਨਹੀਂ ਕਰ ਸਕਦਾ। **16**ਪਰਮੇਸ਼ੁਰ
ਨੇ ਅਬਰਾਹਾਮ ਨੂੰ ਅਤੇ ਉਸ ਦੀ ਔਲਾਦ ਨਾਲ ਵਾਇਦੇ ਕੀਤੇ।
ਪਰਮੇਸ਼ੁਰ ਨੇ ਇਹ ਨਹੀਂ ਆਖਿਆ, “ਅਤੇ ਤੁਹਾਡੀਆਂ ਔਲਾਦਾਂ
ਨੂੰ।” ਉਸ ਦਾ ਅਰਥ ਬਹੁਤ ਸਾਰੇ ਲੋਕ ਹੋ ਸਕਦਾ ਹੈ। ਇਸ ਦੀ
ਜਗ੍ਹਾ ਪਰਮੇਸ਼ੁਰ ਨੇ ਆਖਿਆ, “ਅਤੇ ਤੁਹਾਡੀ ਔਲਾਦ ਨੂੰ।” ਇਸ
ਦਾ ਅਰਥ ਹੈ ਕੇਵਲ ਇੱਕ ਵਿਅਕਤੀ; ਅਤੇ ਉਹ ਮਸੀਹ ਹੈ।
**17**ਮੇਰਾ ਕਹਿਣ ਦਾ ਭਾਵ ਇਹ ਹੈ ਕਿ ਜਿਹੜਾ ਕਰਾਰ ਪਰਮੇਸ਼ੁਰ ਨੇ
ਅਬਰਾਹਾਮ ਨੂੰ ਦਿੱਤਾ ਜੋ ਸ਼ਰਾ ਦੇਣ ਤੋਂ ਬਹੁਤ ਸਮਾਂ ਪਹਿਲਾਂ ਕਨੂੰਨੀ
ਬਣ ਗਿਆ ਸੀ। ਸ਼ਰਾ 430 ਵਰ੍ਹੇ ਬਾਅਦ ਵਿੱਚ ਆਈ। ਇਸ
ਲਈ ਸ਼ਰਾ ‘ਕਰਾਰ’ ਨੂੰ ਰੱਦ ਕਰਨ ਦੇ ਯੋਗ ਨਹੀਂ ਸੀ ਅਤੇ ਨਾ ਹੀ
ਪਰਮੇਸ਼ੁਰ ਦੇ ਅਬਰਾਹਾਮ ਨੂੰ ਦਿੱਤੇ ਵਾਇਦੇ ਨੂੰ ਰੱਦ ਕਰਨ ਯੋਗ ਸੀ।

**18**ਕੀ ਸ਼ਰਾ ਦੀ ਪਾਲਣਾ ਕਰਨਾ ਸਾਨੂੰ ਉਹ ਚੀਜ਼ਾਂ ਪ੍ਰਦਾਨ ਕਰ
ਸਕਦਾ ਹੈ ਜਿਸ ਦਾ ਪਰਮੇਸ਼ੁਰ ਨੇ ਵਾਇਦਾ ਕੀਤਾ? ਨਹੀਂ! ਜੇ ਅਸੀਂ
ਪਾਲਣਾ ਕਰਕੇ ਪ੍ਰਾਪਤ ਕਰ ਸਕਦੇ ਹੁੰਦੇ, ਤਾਂ ਉਹ ਪਰਮੇਸ਼ੁਰ ਦਾ
ਵਾਇਦਾ ਨਹੀਂ ਜਿਹੜਾ ਸਾਨੂੰ ਉਹ ਚੀਜ਼ਾਂ ਪ੍ਰਦਾਨ ਕਰਦਾ ਹੈ। ਪਰੰਤੂ
ਪਰਮੇਸ਼ੁਰ ਨੇ ਆਪਣੀਆਂ ਭਰਪੂਰ ਅਸੀਸਾਂ ਅਬਰਾਹਾਮ ਨੂੰ ਆਪਣੇ
ਵਾਇਦੇ ਰਾਹੀਂ ਦਿੱਤੀਆਂ।

**19**ਫ਼ੇਰ ਸ਼ਰਾ ਕਾਹਦੇ ਵਾਸਤੇ ਹੈ? ਸ਼ਰਾ ਲੋਕਾਂ ਦੀਆਂ ਕੀਤੀਆਂ
ਬਦਕਾਰੀਆਂ ਨੂੰ ਉਜਾਗਰ ਕਰਨ ਲਈ ਦਿੱਤੀ ਸੀ। ਸ਼ਰਾ ਉਦੋਂ
ਤੱਕ ਜਾਰੀ ਰਹੀ ਜਦੋਂ ਤੱਕ ਕਿ ਅਬਰਾਹਾਮ ਦੀ ਖਾਸ ਨਸਲ ਨਹੀਂ
ਆਈ। ਪਰਮੇਸ਼ੁਰ ਦਾ ਵਾਇਦਾ ਇਸ ਖਾਸ ਉਲਾਦ ਨਾਲ ਸੰਬੰਧਤ
ਸੀ। ਸ਼ਰਾ ਦੂਤਾਂ ਰਾਹੀਂ ਦਿੱਤੀ ਗਈ ਸੀ। ਦੂਤਾਂ ਨੇ ਲੋਕਾਂ ਤੱਕ ਸ਼ਰਾ
ਪਹੁੰਚਾਉਣ ਲਈ ਮੂਸਾ ਨੂੰ ਵਿਚੋਲੇ ਦੀ ਤਰ੍ਹਾਂ ਇਸਤੇਮਾਲ ਕੀਤਾ।
**20**ਪਰ ਜਦੋਂ ਕੇਵਲ ਇੱਕ ਧਿਰ ਹੁੰਦੀ ਹੈ ਤਾਂ ਵਿਚੋਲੇ ਦੀ ਕੋਈ ਲੋੜ
ਨਹੀਂ ਹੁੰਦੀ, ਅਤੇ ਪਰਮੇਸ਼ੁਰ ਕੇਵਲ ਇੱਕ ਹੈ।

## ਮੂਸਾ ਦੀ ਸ਼ਰਾ ਦਾ ਮੰਤਵ

**21**ਕੀ ਇਸ ਦਾ ਇਹ ਅਰਥ ਹੈ ਕਿ ਸ਼ਰਾ ਪਰਮੇਸ਼ੁਰ ਦੇ ਵਾਇਦਿਆਂ
ਦੇ ਬਰਖਿਲਾਫ਼ ਹੈ? ਨਹੀਂ। ਜੇਕਰ ਅਜਿਹੀ ਸ਼ਰਾ ਹੁੰਦੀ ਜਿਹੜੀ ਲੋਕਾਂ
ਨੂੰ ਜੀਵਨ ਦੇ ਸਕਦੀ, ਫ਼ੇਰ ਅਸੀਂ ਬੇਸ਼ੱਕ ਉਸ ਸ਼ਰਾ ਦਾ ਅਨੁਸਰਣ
ਕਰਕੇ ਧਰਮੀ ਬਣਾਏ ਜਾਂਦੇ। **22**ਪਰ ਇਹ ਸੱਚ ਨਹੀਂ ਹੈ, ਕਿਉਂਕਿ

[a] ***3:6*** ਹਵਾਲਾ: ਉਤਪਤ 15:6

[b] ***3:8*** ਹਵਾਲਾ: ਉਤਪਤ 12:3

[c] ***3:10*** ਹਵਾਲਾ: ਬਿਵਸਥਾ 27:26

[d] ***3:11*** ਹਵਾਲਾ: ਹਬੱਕੂਕ 2:4

[e] ***3:12*** **“ਸ਼ਰਾ ਦਾ...ਆਖਦੀ ਹੈ”** ਲੇਵੀਆਂ 18:5 ਦੇਖੋ।

[f] ***3:13*** ਹਵਾਲਾ: ਬਿਵਸਥਾ 21:23

